27_Nov_Jalandhar_Dehati_7_8.qxd 11/28/2025 12:41 AM Page 2

ਰਿਟਾਇਰਡ ਮਿਊਂਸਪਲ ਵਰਕਰਜ਼ ਯੂਨੀਅਨ ਦੀ ਸੂਬਾਈ ਮੀਟਿੰਗ ਪਹਿਲੀ ਨੂੰ ਬਠਿੰਡਾ 'ਚ-ਸਤਨਾਮ ਸਿੰਘ

ਸ਼ਾਹਕੋਟ, 27 ਨਵੰਬਰ (ਸੁਖਦੀਪ ਸਿੰਘ)-ਪੰਜਾਬ ਰਿਟਾਇਰਡ ਮਿਊਂਸਪਲ ਵਰਕਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਭੋਲਾ ਸਿੰਘ ਬਠਿੰਡਾ ਅਤੇ ਸੂਬਾ ਜਨਰਲ ਸਕੱਤਰ ਪਰਮਜੀਤ ਰੱਖੜਾ ਬਾਘਾ ਪੁਰਾਣਾ ਵਲੋਂ ਯੂਨੀਅਨ ਦੇ ਸੁਬਾਈ ਅਹੁਦੇਦਾਰਾਂ, ਮੈਂਬਰਾਂ, ਜ਼ਿਲ੍ਹਾ ਪ੍ਰਧਾਨ, ਸਕੱਤਰਾਂ ਦੀ ਇੱਕ ਜ਼ਰੂਰੀ ਮੀਟਿੰਗ 1 ਦਸੰਬਰ ਨੂੰ ਸਵੇਰੇ 11 ਵਜੇ ਟੀਚਰਜ਼ ਹੋਮ ਬਠਿੰਡਾ ਵਿਖੇ ਬੁਲਾਈ ਗਈ ਹੈ। ਯੂਨੀਅਨ ਦੇ ਜੁਆਇੰਟ ਸਕੱਤਰ ਸਤਨਾਮ ਸਿੰਘ ਸ਼ਾਹਕੋਟ ਨੇ ਦੱਸਿਆ ਕਿ ਮੀਟਿੰਗ 'ਚ ਪੰਜਾਬ ਪੱਧਰ ਦੀਆਂ ਮੰਗਾਂ ਤੋਂ ਇਲਾਵਾ ਸਥਾਨਕ ਪੱਧਰ ਤੇ ਰਿਟਾਇਰ ਮੁਲਾਜ਼ਮਾਂ ਨੂੰ ਆ ਰਹੀਆਂ ਸਮੱਸਿਆਵਾਂ ਅਤੇ ਮੰਗਾਂ 'ਚ ਰਿਟਾਇਰਡ ਮੁਲਾਜ਼ਮਾਂ ਨੂੰ ਰਿਟਾਇਰੀ ਲਾਭ ਨਾ ਦੇਣਾ, ਕੁਝ ਨਗਰ ਕੌਂਸਲਾਂ ਵਲੋਂ 2-2 ਸਾਲਾਂ ਤੋਂ ਐਲ. ਟੀ. ਸੀ. ਅਤੇ ਮੈਡੀਕਲ ਭੱਤਾ ਨਾ ਦੇਣ, ਪੇ-ਕਮਿਸ਼ਨ ਏਰੀਅਰ ਦੀਆਂ ਕਿਸ਼ਤਾਂ ਆਦਿ ਸ਼ਾਮਿਲ ਹਨ।

ਸਤਨਾਮ ਸਿੰਘ ਸ਼ਾਹਕੋਟ

ਸ਼ਾਹਕੋਟ ਵਿਖੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ 2 ਰੋਜ਼ਾ ਗੁਰਮਤਿ ਸਮਾਗਮ ਸੰਪੂਰਨ

- **ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਸੰਗਤਾਂ ਨੂੰ ਕੀਤਾ ਨਿਹਾਲ**
- **ਮਹਾਨ ਸ਼ਹਾਦਤ ਨੂੰ ਰਹਿੰਦੀ ਦੁਨੀਆ ਤੱਕ ਯਾਦ ਰੱਖਿਆ ਜਾਵੇਗਾ-ਪਰਮਜੀਤ ਸਿੰਘ ਖ਼ਾਲਸਾ**

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਸ਼ਾਹਕੋਟ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਦੌਰਾਨ ਕੀਰਤਨ ਕਰਦਾ ਹਜ਼ੂਰੀ ਰਾਗੀ ਭਾਈ ਸੁਰਿੰਦਰ ਸਿੰਘ-ਭਾਈ ਨਛੱਤਰ ਸਿੰਘ ਦਾ ਜਥਾ। ਤਸਵੀਰਾਂ : ਸੁਖਦੀਪ ਸਿੰਘ

ਸ਼ਾਹਕੋਟ, 27 ਨਵੰਬਰ (ਸੁਖਦੀਪ ਸਿੰਘ)-ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਸ਼ਾਹਕੋਟ ਅਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸ਼ਾਹਕੋਟ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ 2 ਰੋਜ਼ਾ ਗੁਰਮਤਿ ਸਮਾਗਮ ਦੀ ਬੀਤੀ ਰਾਤ ਸੰਪੂਰਨਤਾ ਹੋ ਗਈ। ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਸ਼ਾਹਕੋਟ ਵਿਖੇ ਸਜਾਏ ਰਾਤ ਦੇ ਵਿਸ਼ੇਸ਼ ਦੀਵਾਨ ਮੌਕੇ ਦੂਸਰੇ ਤੇ ਆਖ਼ਰੀ ਦਿਨ ਭਾਈ ਸੁਰਿੰਦਰ ਸਿੰਘ-ਭਾਈ ਨਛੱਤਰ ਸਿੰਘ (ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ) ਅਤੇ ਭਾਈ ਮਨਪ੍ਰੀਤ ਸਿੰਘ (ਸ਼ਾਹਕੋਟ ਵਾਲੇ) ਨੇ ਸੰਗਤਾਂ ਨੂੰ ਗੁਰਬਾਣੀ-ਕੀਰਤਨ ਰਾਹੀਂ ਨਿਹਾਲ ਕੀਤਾ। ਇਸ ਮੌਕੇ ਪਰਮਜੀਤ ਸਿੰਘ ਖ਼ਾਲਸਾ ਨੇ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਗੁਰੂ ਤੇਗ ਬਹਾਦਰ ਜੀ ਨੇ ਮਨੁੱਖਤਾ ਦੀ ਖਾਤਰ ਵੱਡੀ ਕੁਰਬਾਨੀ ਦਿੱਤੀ ਤੇ ਇਸ ਮਹਾਨ ਸ਼ਹਾਦਤ ਨੂੰ ਰਹਿੰਦੀ ਦੁਨੀਆਂ ਤੱਕ ਯਾਦ ਰੱਖਿਆ ਜਾਵੇਗਾ। ਹੈੱਡਗ੍ਰੰਥੀ ਭਾਈ ਮੰਗਲ ਸਿੰਘ ਨੇ ਸਰਬੱਤ ਦੇ ਭਲੇ ਅਤੇ ਸੰਪੂਰਨਤਾ ਦੀ ਅਰਦਾਸ ਕੀਤੀ। ਸੰਗਤਾਂ ਲਈ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਖਜੀਤ ਸਿੰਘ ਝੀਤਾ ਅਤੇ ਸੁਸਾਇਟੀ ਦੇ ਮੁੱਖ ਸੇਵਾਦਾਰ ਮਾਸਟਰ ਬਲਜੀਤ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਮਾਸਟਰ ਬਲਜੀਤ ਸਿੰਘ, ਪਰਮਜੀਤ ਸਿੰਘ ਖ਼ਾਲਸਾ, ਜਸਵਿੰਦਰ ਸਿੰਘ, ਗੁਰਮੁੱਖ ਸਿੰਘ ਬਾਟੂ, ਤੇਜਮੋਹਣ ਸਿੰਘ, ਅਕੱਤਰ ਸਿੰਘ, ਪਲਵਿੰਦਰ ਸਿੰਘ, ਬੰਟੀ ਵਾਲੀਆ, ਧਰਮਿੰਦਰ ਸਿੰਘ ਰੂਪਰਾ, ਜਸਕਰਨ ਸਿੰਘ, ਮਨਮੀਤ ਸਿੰਘ, ਡਾ. ਸੁਰਿੰਦਰ ਸਿੰਘ, ਕਿਰਪਾਲ ਸਿੰਘ, ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਖਜੀਤ ਸਿੰਘ ਝੀਤਾ, ਹੈੱਡ ਗ੍ਰੰਥੀ ਭਾਈ ਮੰਗਲ ਸਿੰਘ, ਜਨਰਲ ਸਕੱਤਰ ਸੁਖਵਿੰਦਰ ਸਿੰਘ ਚਤਰੱਥ, ਮੀਤ ਪ੍ਰਧਾਨ ਕਮਲਜੀਤ ਸਿੰਘ ਧੰਜਲ, ਖਜ਼ਾਨਚੀ ਲਖਵਿੰਦਰ ਸਿੰਘ ਸੋਖੀ ਤੇ ਹਰਭਜਨ ਸਿੰਘ ਰੂਪਰਾ, ਜਗਤਾਰ ਸਿੰਘ ਮਿਸਤਰੀ, ਅਰਸ਼ਵੀਰ ਸਿੰਘ, ਮਾਸਟਰ ਪ੍ਰਭਦੀਪ ਸਿੰਘ, ਕਮਲ, ਪਰਮਜੀਤ ਸਿੰਘ ਝੀਤਾ ਸਾਬਕਾ ਪ੍ਰਧਾਨ, ਬਿਕਰਮਜੀਤ ਸਿੰਘ ਸੁਖੀਜਾ, ਜਥੇ. ਸੁਲੱਖਣ ਸਿੰਘ, ਜਸਵਿੰਦਰ ਸਿੰਘ ਪੋਪਲੀ, ਮਨਜੀਤ ਸਿੰਘ ਭਾਟੀਆ, ਜੋਗਾ ਸਿੰਘ, ਸ਼ਰਨਜੀਤ ਸਿੰਘ ਖ਼ਾਲਸਾ, ਭਾਈ ਜਸਵਿੰਦਰ ਸਿੰਘ ਸੋਢੀ, ਜਸਵਿੰਦਰ ਸਿੰਘ ਸਾਬਕਾ ਮੈਂਬਰ ਪੰਚਾਇਤ, ਮਾਸਟਰ ਸਤਿੰਦਰ ਸਿੰਘ, ਪ੍ਰਿੰਸੀਪਲ ਹਰਵਿੰਦਰ ਕੌਰ, ਨਿਰਮਲ ਕੌਰ ਆਦਿ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

ਜੰਡਿਆਲਾ 'ਚ ਸਜਾਏ ਗਏ ਨਗਰ ਕੀਰਤਨ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਅੱਗੇ ਪੰਜ ਪਿਆਰੇ ਸਾਹਿਬਾਨ ਅਤੇ ਪ੍ਰਬੰਧਕ ਵੀਰ। ਤਸਵੀਰ : ਸੁਰਜੀਤ ਸਿੰਘ

ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

ਜੰਡਿਆਲਾ ਮੰਜਕੀ, 27 ਨਵੰਬਰ (ਸੁਰਜੀਤ ਸਿੰਘ ਜੰਡਿਆਲਾ)-ਸਥਾਨਕ ਕਸਬੇ ਦੀ ਪੱਤੀ ਸਾਹਨਕੀ ਦੇ ਗੁਰਦੁਆਰਾ ਭਾਈ ਕੌਲਾ ਸਿੰਘ ਜੀ ਦੀ ਪ੍ਰਬੰਧਕ ਕਮੇਟੀ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਦੌਰਾਨ ਜਿੱਥੇ ਪੰਥ ਦੇ ਪ੍ਰਸਿੱਧ ਢਾਡੀ ਸਤਨਾਮ ਸਿੰਘ ਦੇ ਜਥੇ ਵਲੋਂ ਇਤਿਹਾਸਿਕ ਵਾਰਾਂ ਪੇਸ਼ ਕੀਤੀਆਂ ਗਈਆਂ ਉੱਥੇ ਬੀਬੀਆਂ ਅਤੇ ਵੀਰਾਂ ਦੇ ਵੱਖ-ਵੱਖ ਜਥਿਆਂ ਵਲੋਂ ਸੰਗਤੀ ਰੂਪ ਵਿੱਚ ਗੁਰੂ ਸਾਹਿਬ ਦੀ ਮਹਿਮਾ ਦਾ ਗਾਇਨ ਕੀਤਾ ਗਿਆ। ਨਗਰ ਕੀਰਤਨ ਦਾ ਬਹੁਤ ਸਾਰੇ ਪੜਾਵਾਂ 'ਤੇ ਵੱਖ ਵੱਖ ਗੁਰੂ ਘਰਾਂ ਦੀਆਂ ਕਮੇਟੀਆਂ ਵਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ ਅਤੇ ਸੰਗਤਾਂ ਲਈ ਤਰ੍ਹਾਂ-ਤਰ੍ਹਾਂ ਦੇ ਲੰਗਰ ਲਗਾਏ ਗਏ। ਇਸ ਮੌਕੇ ਪ੍ਰਧਾਨ ਭਗਵੰਤ ਸਿੰਘ ਜੌਹਲ,ਸਕੱਤਰ ਭੁਪਿੰਦਰ ਸਿੰਘ ਖਾਲਸਾ, ਖਜ਼ਾਨਚੀ ਕੁਲਵਿੰਦਰ ਸਿੰਘ ਜੌਹਲ, ਚੇਅਰਮੈਨ ਗੁਰਵਿੰਦਰ ਸਿੰਘ, ਕੁਲਵੀਰ ਸਿੰਘ ਜੌਹਲ,ਮਹਿੰਦਰ ਸਿੰਘ, ਨੰਬਰਦਾਰ ਜਸਵੰਤ ਸਿੰਘ,ਬੂਟਾ ਸਿੰਘ ਜੌਹਲ, ਰਵਿੰਦਰ ਸਿੰਘ,ਸੁੱਚਾ ਸਿੰਘ ਆਦਿ ਤੋਂ ਇਲਾਵਾ ਵੱਖ ਵੱਖ ਗੁਰੂ ਘਰਾਂ ਦੀਆਂ ਪ੍ਰਬੰਧਕ ਕਮੇਟੀਆਂ ਦੇ ਅਹੁਦੇਦਾਰ ਪਤਵੰਤੇ ਵੀ ਹਾਜ਼ਰ ਸਨ।

ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਪਿੰਡ ਬੱਗਾ 'ਚ ਹੋਏ ਤਹਿਸੀਲ ਪੱਧਰੀ ਡੈਲੀਗੇਟ ਇਜਲਾਸ ਮੌਕੇ ਹਾਜ਼ਰ ਯੂਨੀਅਨ ਦੇ ਆਗੂ ਤੇ ਮੈਂਬਰ। ਤਸਵੀਰ: ਬਾਂਸਲ

ਪੇਂਡੂ ਮਜ਼ਦੂਰ ਯੂਨੀਅਨ ਦਾ ਤਹਿਸੀਲ ਪੱਧਰੀ ਡੈਲੀਗੇਟ ਇਜਲਾਸ

ਗੁਰਬਖਸ਼ ਕੌਰ ਸਾਦਿਕਪੁਰ ਪ੍ਰਧਾਨ, ਗੁਰਚਰਨ ਸਿੰਘ ਅਟਵਾਲ ਸਕੱਤਰ ਚੁਣੇ ਗਏ

ਸ਼ਾਹਕੋਟ, 27 ਨਵੰਬਰ (ਨਰਿੰਦਰ ਸਿੰਘ ਬਾਂਸਲ)-ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵਲੋਂ ਪਿੰਡ ਬੱਗਾ ਵਿਖੇ ਆਪਣਾ ਤਹਿਸੀਲ ਪੱਧਰੀ ਡੈਲੀਗੇਟ ਇਜਲਾਸ ਕੀਤਾ ਗਿਆ। ਇਸ ਮੌਕੇ 22 ਪਿੰਡਾਂ ਤੋਂ ਚੁਣੇ ਗਏ ਡੈਲੀਗੇਟਾਂ ਨੇ ਸ਼ਿਰਕਤ ਕੀਤੀ। ਯੂਨੀਅਨ ਦੇ ਸੂਬਾ ਆਗੂ ਤੇ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾਂ ਵਲੋਂ ਯੂਨੀਅਨ ਦਾ ਝੰਡਾ ਚੜ੍ਹਾਉਣ, ਮਜ਼ਦੂਰ ਲਹਿਰ ਦੇ ਵਿਛੜੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਉਪਰੰਤ ਇਜਲਾਸ ਦੀ ਸ਼ੁਰੂਆਤ ਹੋਈ। ਯੂਨੀਅਨ ਆਗੂ ਗੁਰਬਖਸ਼ ਕੌਰ ਸਾਦਿਕਪੁਰ ਅਤੇ ਗੁਰਚਰਨ ਸਿੰਘ ਅਟਵਾਲ ਨੇ ਤਹਿਸੀਲ ਕਮੇਟੀ ਸ਼ਾਹਕੋਟ ਦੀਆਂ ਸਰਗਰਮੀਆਂ ਦੀ ਰੀਵਿਊ ਰਿਪੋਰਟ ਅਤੇ ਵਿਧਾਨ ਤੇ ਐਲਾਨਨਾਮਾ ਪੇਸ਼ ਕੀਤਾ, ਜਿਸ ਨੂੰ ਵਿਚਾਰ-ਵਟਾਂਦਰੇ ਉਪਰੰਤ ਪਾਸ ਕਰ ਦਿੱਤਾ ਗਿਆ। ਇਸ ਮੌਕੇ ਯੂਨੀਅਨ ਦੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ, ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਹੁਣ ਤੱਕ ਜੋ ਵੀ ਸਰਕਾਰਾਂ ਰਾਜ ਸੱਤਾ ਉੱਤੇ ਕਾਬਜ਼ ਹੋਈਆਂ ਹਨ, ਸਭ ਨੇ ਦੇਸੀ ਵਿਦੇਸ਼ੀ ਕਾਰਪੋਰੇਟ ਘਰਾਣਿਆਂ, ਜਗੀਰਦਾਰਾਂ ਤੇ ਸਰਮਾਏਦਾਰਾਂ ਪੱਖੀ ਨੀਤੀਆਂ ਹੀ ਲਿਆਂਦੀਆਂ ਅਤੇ ਲਾਗੂ ਕੀਤੀਆਂ ਹਨ, ਕਿਸੇ ਵੀ ਸਰਕਾਰ ਨੇ ਮਜ਼ਦੂਰਾਂ ਦੀ ਜ਼ਿੰਦਗੀ ਸੁਧਾਰਨ ਲਈ ਕੋਈ ਉਪਰਾਲਾ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਬੁਨਿਆਦੀ ਮੁੱਦਿਆਂ ਦੇ ਹੱਲ ਲਈ ਪੇਂਡੂ ਮਜ਼ਦੂਰਾਂ ਨੂੰ ਜਥੇਬੰਦੀ ਦੇ ਝੰਡੇ ਹੇਠ ਲਾਮਬੰਦ ਹੋ ਕੇ ਸੰਘਰਸ਼ਾਂ ਦੇ ਰਾਹ ਪੈਣਾ ਹੋਵੇਗਾ। ਇਸ ਮੌਕੇ ਡੈਲੀਗੇਟ ਇਜਲਾਸ ਨੇ 9 ਮੈਂਬਰੀ ਤਹਿਸੀਲ ਕਮੇਟੀ ਦੀ ਚੋਣ ਕੀਤੀ। ਜਿਸ ਵਿੱਚ ਗੁਰਬਖਸ਼ ਕੌਰ ਸਾਦਿਕਪੁਰ ਪ੍ਰਧਾਨ, ਗੁਰਚਰਨ ਸਿੰਘ ਅਟਵਾਲ ਸਕੱਤਰ, ਗੁਰਮੀਤ ਸਿੰਘ ਮੀਤ ਪ੍ਰਧਾਨ, ਪ੍ਰਵੀਨ ਕੌਰ ਨੱਲ੍ਹ ਵਿੱਤ ਸਕੱਤਰ, ਸੁਖਦੇਵ ਸਿੰਘ ਮੁਰਾਜਵਾਲਾ, ਜਸਵਿੰਦਰ ਕੌਰ, ਭਜਨੋ ਬੱਗਾ, ਅਮਰਜੀਤ ਕੌਰ ਰੌਂਤਾ, ਧਰਮਾਂ ਕਮੇਟੀ ਮੈਂਬਰ ਚੁਣੇ ਗਏ। ਅੰਤ ਵਿਚ ਤਹਿਸੀਲ ਸਕੱਤਰ ਗੁਰਚਰਨ ਸਿੰਘ ਅਟਵਾਲ ਨੇ ਹਾਜ਼ਿਰ ਡੈਲੀਗੇਟਾਂ ਧੰਨਵਾਦ ਕੀਤਾ ਅਤੇ 2 ਦਸੰਬਰ ਨੂੰ ਜ਼ਿਲ੍ਹਾ ਇਜਲਾਸ ਵਿੱਚ ਚੁਣੇ ਗਏ ਡੈਲੀਗੇਟਾਂ ਨੂੰ ਸ਼ਾਮਿਲ ਹੋਣ ਦੀ ਅਪੀਲ ਕੀਤੀ।

ਹਲਕੇ ਦੀ ਪੰਚਾਇਤਾਂ ਨੂੰ ਗਰਾਂਟਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ-ਪਵਨ ਟੀਨੂੰ

ਪਿੰਡਾਂ ਲਈ 3.50 ਕਰੋੜ ਦੀ ਪਹਿਲੀ ਕਿਸ਼ਤ ਕੀਤੀ ਜਾਰੀ

ਆਦਮਪੁਰ, 27 ਨਵੰਬਰ (ਹਰਪ੍ਰੀਤ ਸਿੰਘ, ਰਮਨ ਦਵੇਸਰ)-ਹਲਕਾ ਇੰਚਾਰਜ ਆਦਮਪੁਰ ਪਵਨ ਕੁਮਾਰ ਟੀਨੂੰ ਨੇ ਪ੍ਰੈੱਸ ਕਾਨਫਰੰਸ ਕਰਦਿਆਂ ਦੱਸਿਆ ਕਿ ਵਿਧਾਨ ਸਭਾ ਹਲਕਾ ਆਦਮਪੁਰ ਅਧੀਨ ਆਉਂਦੇ ਵੱਖ-ਵੱਖ ਪਿੰਡਾਂ ਦੀਆਂ ਸੰਪਰਕ ਸੜਕਾਂ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ 3 ਕਰੋੜ ਰੁਪਏ ਦੀ ਮਨਜ਼ੂਰੀ ਦਿੱਤੀ ਗਈ ਹੈ, ਜਿਸ 'ਚੋਂ ਭੋਗਪੁਰ ਅਤੇ ਆਦਮਪੁਰ ਨਾਲ ਲੱਗਦੇ ਸਮੂਹ ਪਿੰਡਾਂ ਦੀਆਂ ਸੰਪਰਕ ਸੜਕਾਂ ਦੇ ਕੰਮ ਸ਼ੁਰੂ ਕਰ ਦਿੱਤੇ ਗਏ ਹਨ ਅਤੇ ਜੋ ਅਧੂਰੇ ਹਨ ਉਹ ਵੀ ਜਲਦ ਸ਼ੁਰੂ ਕਰ ਦਿਤੇ ਜਾਣਗੇ,ਪਵਨ ਕੁਮਾਰ ਟੀਨੂੰ ਨੇ ਦੱਸਿਆ 3.50 ਕਰੋੜ 'ਚੋਂ 50 ਕਰੋੜ ਆਦਮਪੁਰ ਸ਼ਹਿਰ ਦੇ ਵਿਕਾਸ 'ਤੇ ਵੀ ਖਰਚ ਕੀਤੇ ਜਾਣਗੇ। ਇਲਾਕੇ ਦੇ 28 ਪਿੰਡਾਂ 'ਚ ਖੇਡ ਸਟੇਡੀਅਮ ਵੀ ਬਣਾਏ ਜਾ ਰਹੇ ਹਨ ਅਤੇ 70 ਲੱਖ ਰੁਪਏ ਸੀਵਰੇਜ ਦੇ ਕੰਮਾਂ 'ਤੇ ਵੀ ਲਗਾਏ ਜਾਣਗੇ। ਉਨ੍ਹਾਂ ਦੱਸਿਆ ਕਿ ਭੋਗਪੁਰ ਤੋਂ ਆਦਮਪੁਰ ਨੂੰ ਜਾਂਦੀ ਸੜਕ ਅਤੇ ਭੋਗਪੁਰ ਤੋਂ ਬੁੱਲੋਵਾਲ ਨੂੰ ਜਾਂਦੀ ਸੜਕ ਦੇ ਵੀ ਪ੍ਰਾਜੈਕਟ ਤਿਆਰ ਕੀਤੇ ਗਏ ਹਨ। ਇਸ ਮੌਕੇ ਦਲਜੀਤ ਸਿੰਘ ਮਿਨਹਾਸ ਕੁਆਰਡੀਨੇਟ ਨਸ਼ਾ ਮੁਕਤੀ ਮੋਰਚਾ, ਪਰਮਜੀਤ ਸਿੰਘ ਪੰਮਾ ਸੰਗਠਨ ਇੰਚਾਰਜ, ਹਰਕੀਤ ਸਿੰਘ ਨਿੱਝਰ ਕੋਆਰਡੀਨੇਟਰ ਕਿਸਾਨ ਵਿੰਗ, ਪਰਮਜੀਤ ਸਿੰਘ ਰਾਜਵੰਸ ਚੇਅਰਮੈਨ ਮਾਰਕੀਟ ਕਮੇਟੀ, ਪਰਦੀਪ ਸਿੰਘ ਲੁਹਾਰਾ ਬਲਾਕ ਪ੍ਰਧਾਨ, ਅਮਨਦੀਪ ਹਨੀ ਹਲਕਾ ਇੰਚਾਰਜ ਮੀਡੀਆ ਵਿੰਗ, ਦਵਿੰਦਰ ਸਿੰਘ ਸੂਰੀ ਵਪਾਰ ਮੰਡਲ ਕੋਆਰਡੀਨੇਟਰ, ਲਖਵੀਰ ਸਿੰਘ ਸਾਬਕਾ ਸਰਪੰਚ ਸਾਰੋਵਾਦ, ਸੁਖਜੋਤ ਸਿੰਘ ਭੇਲਾ, ਅਮਨਦੀਪ ਮਾਹੀ ਕੋਆਰਡੀਨੇਟਰ ਸੋਸ਼ਲ ਮੀਡੀਆ,ਅਮਰਜੀਤ ਸਿੰਘ ਸੈਣੀ ਕੋਆਰਡੀਨੇਟਰ ਹਾਜ਼ਰ ਸਨ।

ਹਲਕੇ ਦੇ ਵਿਕਾਸ ਕਾਰਜਾਂ ਸੰਬੰਧੀ ਸਰਕਾਰ ਵਲੋਂ ਜਾਰੀ ਕੀਤੀਆਂ ਗ੍ਰਾਂਟਾਂ ਸੰਬੰਧੀ ਜਾਣਕਾਰੀ ਦਿੰਦੇ ਹਲਕਾ ਇੰਚਾਰਜ ਪਵਨ ਟੀਨੂੰ ਨਾਲ ਆਗੂ 'ਆਪ' ਦੇ ਸੀਨੀਅਰ ਆਗੂ। ਤਸਵੀਰ : ਹਰਪ੍ਰੀਤ ਸਿੰਘ

ਪਿੰਡ ਵਾਸੀ ਚੋਰੀ ਸੰਬੰਧੀ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ। ਤਸਵੀਰ : ਸਤਿੰਦਰ ਸ਼ਰਮਾ

ਪਿੰਡ ਰਾਮਗੜ੍ਹ ਦੇ ਰਵਿਦਾਸ ਭਵਨ 'ਚ ਚੋਰੀ

ਫਿਲੌਰ, 27 ਨਵੰਬਰ (ਸਤਿੰਦਰ ਸ਼ਰਮਾ)-ਨੇੜਲੇ ਪਿੰਡ ਰਾਮਗੜ੍ਹ ਮੱਲਾ (ਖੁਹੀ ਵਾਲਾ) 'ਚ ਚੋਰਾਂ ਨੇ ਸ੍ਰੀ ਗੁਰੂ ਰਵਿਦਾਸ ਭਵਨ ਵਿਚ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਹੈ। ਜਾਣਕਾਰੀ ਅਨੁਸਾਰ ਹਰ ਰੋਜ਼ ਦੀ ਤਰ੍ਹਾਂ ਬੀਬੀ ਰਣਜੀਤ ਕੌਰ ਜਦੋਂ ਭਵਨ ਦੇ ਦਰਵਾਜੇ ਖੋਲ੍ਹ ਕੇ ਅੰਦਰ ਮੱਥਾ ਟੇਕਣ ਲਈ ਗਈ ਤਾਂ ਉਸ ਨੇ ਵੇਖਿਆ ਕਿ ਅੰਦਰ ਗੱਲਾ ਟੁੱਟਿਆ ਪਿਆ ਸੀ ਅਤੇ ਇਕ ਸਰੀਆ ਕੋਲ ਪਿਆ ਸੀ। ਇਹ ਵੇਖ ਕੇ ਉਸਨੇ ਤੁਰੰਤ ਆਲੇ ਦੁਆਲੇ ਦੇ ਲੋਕਾਂ ਨੂੰ ਬੁਲਾਇਆ। ਪਿੰਡ ਵਾਸੀਆਂ ਨੇ ਇਹ ਸੂਚਨਾ ਪਿੰਡ ਦੇ ਸਰਪੰਚ ਨੂੰ ਦਿੱਤੀ। ਸਰਪੰਚ ਨੇ ਮੌਕੇ 'ਤੇ ਪਹੁੰਚ ਕੇ ਹਾਲਾਤ ਦਾ ਜਾਇਜ਼ਾ ਲਿਆ ਅਤੇ ਪੁਲਿਸ ਨੂੰ ਸੂਚਿਤ ਕੀਤਾ। ਇਸ ਤੋਂ ਬਾਅਦ 112 ਹੈਲਪਲਾਈਨ ਰਾਹੀਂ ਪੁਲਿਸ ਟੀਮ ਵੀ ਮੌਕੇ 'ਤੇ ਪਹੁੰਚੀ। ਪਿੰਡ ਵਾਸੀਆਂ ਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਉਕਤ ਧਾਰਮਿਕ ਸਥਾਨ ਨਾਲ ਲੋਕਾਂ ਦੀਆਂ ਭਾਵਨਾਵਾਂ ਜੁੜੀਆਂ ਹੋਈਆਂ ਹਨ, ਇਸ ਲਈ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਦੋਸ਼ੀਆਂ ਵਿਰੁੱਧ